# VIGILANCE BUREAU PUNJAB

## Vigilance nabs ASI for taking bribe Rs. 10,000

Chandigarh, February 12: Punjab Vigilance Bureau, today nabbed an Assistant Sub Inspector (ASI) posted at NRI Police Station, Kapurthala red handed while accepting bribe of Rs 10,000.

Disclosing this here an official spokesperson of the Vigilance Bureau said ASI Manjinder Singh was nabbed red handed on the complaint of Rinku of village Khalwara Colony, Kapurthala district. The complainant has approached the VB and alleged that the accused ASI was demanding Rs 10,000 to submit challan of a case regarding his grandmother in the trial court.

After verifying his information, the vigilance team laid a trap and the accused ASI was arrested on the spot while taking bribe of Rs. 10,000 from the complainant in the presence of two official witnesses.

He informed that a case under Prevention of Corruption Act has been registered against the accused VB police station Jalandhar and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 12 ਫਰਵਰੀ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਐਨ.ਆਰ.ਆਈ ਥਾਣਾ, ਕਪੂਰਥਲਾ ਵਿਖੇ ਤਾਇਨਾਤ ਏ.ਐਸ.ਆਈ. ਮਨਜਿੰਦਰ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਰਿੰਕੂ ਵਾਸੀ ਪਿੰਡ ਖਲਵਾੜਾ, ਜਿਲਾ ਕਪੂਰਥਲਾ ਦੀ ਸ਼ਿਕਾਇਤ ’ਤੇ ਫੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੀ ਦਾਦੀ ਦੇ ਕੇਸ ਸਬੰਧੀ ਅਦਾਲਤ ਵਿਚ ਚਲਾਨ ਪੇਸ਼ ਕਰਨ ਬਦਲੇ ਏ.ਐਸ.ਆਈ ਵਲੋਂ 10,000 ਰੁਪਏ ਦੀ ਮੰਗ ਕੀਤੀ ਗਈ ਹੈ ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-----